**ਆਕਾਸ਼ਵਾਣੀ ਜਲੰਧਰ**

**ਪ੍ਰਦੇਸ਼ਿਕ ਖਬਰਾਂ ਪੰਜਾਬੀ**

**13:10 Pm**

**ਮਿਤੀ:14-04-2024**

ਭਾਰਤ ਰਤਨ ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਦਿਹਾੜਾ ਅੱਜ ਪੂਰੀ ਸ਼ਰਧਾ ਤੇ ਸਤਿਕਾਰ ਨਾਲ ਮਨਾਇਆ ਜਾ ਰਿਹਾ ਏ। ਇਸ ਮੌਕੇ ਤੇ ਵੱਖ-ਵੱਖ ਜ਼ਿਲਿਆਂ ਵਿੱਚ ਕਈ ਸਮਾਗਮ ਆਯੋਜਿਤ ਕੀਤੇ ਜਾ ਰਹੇ ਨੇ।

*ਹੋਰ ਵੇਰਵੇ ਨਾਲ ਇਹ ਰਿਪੋਰਟ : ਡਾਕਟਰ ਭੀਮ ਰਾਓ ਅੰਬੇਡਕਰ ਦਾ ਜਨਮ ਅੱਜ ਦੇ ਹੀ ਦਿਨ ਸਨ 1891 ਵਿੱਚ ਮੱਧ ਪ੍ਰਦੇਸ਼ ਦੇ ਮਹੂ ਵਿਖੇ ਹੋਇਆ। ਅੱਜ ਮਹੂ ਨੂੰ ਡਾਕਟਰ ਅੰਬੇਡਕਰ ਨਗਰ ਵਜੋਂ ਜਾਣਿਆ ਜਾਂਦਾ ਏ। ਵਿਦੇਸ਼ ਵਿਚ ਉੱਚ ਸਿੱਖਿਆ ਹਾਸਲ ਕਰਨ ਵਾਲੇ ਡਾਕਟਰ ਅੰਬੇਡਕਰ ਇਕ ਮਹਾਨ ਸਮਾਜ ਸੁਧਾਰਕ, ਅਰਥ ਸ਼ਾਸਤਰੀ ਅਤੇ ਸਿਆਸਤਦਾਨ ਸਨ। ਉਨਾਂ ਦਲਿਤ ਬੁੱਧ ਅੰਦੋਲਨ ਨੂੰ ਪ੍ਰੇਰਿਤ ਕੀਤਾ ਅਤੇ ਸਮਾਜ ਦੇ ਦਬੇ ਕੁਚਲੇ ਤੇ ਸ਼ੋਸ਼ਿਤ ਵਰਗ ਦੇ*

*ਸਮਾਜਿਕ ਭੇਦਭਾਵ ਖਿਲਾਫ ਵੱਡੇ ਪੱਧਰ ਤੇ ਮੁਹਿੰਮ ਵਿਡੀ । ਆਪਣੇ ਜੀਵਨ ਵਿੱਚ ਡਾਕਟਰ ਅੰਬੇਦਕਰ ਨੇ ਕਿਰਤੀਆਂ, ਅੰਨਦਾਤਿਆਂ ਅਤੇ ਔਰਤਾਂ ਦੇ ਹੱਕਾਂ ਦੀ ਪੈਰਵੀ ਲਈ ਵੀ ਖ਼ਾਸ ਤੌਰ ਤੇ ਆਵਾਜ਼ ਬੁਲੰਦ ਕੀਤੀ । ਦੇਸ਼ ਨੂੰ ਦੁਨੀਆ ਦਾ ਇਕ ਬੇਮਿਸਾਲ ਤੇ ਸ਼ਾਨਦਾਰ ਸੰਵਿਧਾਨ ਦੇਣ ਵਾਲੇ ਡਾਕਟਰ ਅੰਬੇਡਕਰ ਨੇ ਦੇਸ਼ ਦੇ ਪਹਿਲੇ ਕਾਨੂੰਨ ਤੇ ਨਿਆਂ ਮੰਤਰੀ ਵਜੋਂ ਦੇਸ਼ ਦੀ ਸੇਵਾ ਕੀਤੀ । ਦੇਸ਼ ਪ੍ਰਤੀ ਉਨ੍ਹਾਂ ਦੇ ਬੇਮਿਸਾਲ ਯੋਗਦਾਨ ਨੂੰ ਵੇਖਦਿਆਂ ਹੀ ਡਾਕਟਰ ਅੰਬੇਡਕਰ ਨੂੰ ਮਰਨ ਉਪਰੰਤ ਦੇਸ਼ ਦੇ ਸਭ ਤੋਂ ਵੱਡੇ ਸਮਾਜਿਕ ਸਨਮਾਨ ਭਾਰਤ ਰਤਨ ਨਾਲ ਨਵਾਜਿਆ ਗਿਆ । ਸ਼ਿਸ਼ੂ ਸ਼ਰਮਾ ਸ਼ਾਂਤਲ, ਆਕਾਸ਼ਵਾਣੀ ਸਮਾਚਾਰ, ਜਲੰਧਰ*

---------------------------------------------------------------

ਰਾਸ਼ਟਰਪਤੀ ਦ੍ਰੋਪਦੀ ਮੁਰਮੂ ਉਪ ਰਾਸ਼ਟਰਪਤੀ ਜਗਦੀਪ ਧਨਖੜ ਅਤੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਡਾ. ਬੀ.ਆਰ. ਅੰਬੇਡਕਰ ਨੂੰ, ਉਨ੍ਹਾਂ ਦੀ 134ਵੀਂ ਜੈਯੰਤੀ 'ਤੇ ਸੰਸਦ ਕੰਪਲੈਕਸ ਵਿਚ ਉਨ੍ਹਾਂ ਦੇ ਬੁੱਤ 'ਤੇ ਸ਼ਰਧਾ ਦੇ ਫੁੱਲ ਭੇਟ ਕੀਤੇ। ਉਨ੍ਹਾਂ ਇਸ ਮੌਕੇ ਰਾਸ਼ਟਰ ਨੂੰ

ਸ਼ੁਭਕਾਮਨਾਵਾਂ ਵੀ ਦਿੱਤੀਆਂ। ਉਨ੍ਹਾਂ ਨੇ ਲੋਕਾਂ ਨੂੰ ਡਾ: ਅੰਬੇਡਕਰ ਦੇ ਆਦਰਸ਼ਾਂ ਨੂੰ ਅਪਣਾਉਣ ਅਤੇ ਦੇਸ਼ ਦੇ ਸਰਬਪੱਖੀ ਵਿਕਾਸ ਲਈ, ਸਾਂਝੇ ਤੌਰ 'ਤੇ ਕੰਮ ਕਰਨ ਦਾ ਸੱਦਾ ਦਿੱਤਾ।

-----------------------------------------------------

ਖਾਲਸਾ ਸਾਜਨਾ ਦਿਵਸ ਦੇ ਸਬੰਧ ਵਿੱਚ ਬੀਤੀ ਰਾਤ, ਅੰਮ੍ਰਿਤਸਰ ਸਥਿਤ ਸ੍ਰੀ ਹਰਿਮੰਦਰ ਸਾਹਿਬ ਵਿਖੇ ਦੀਪਮਾਲਾ ਅਤੇ ਆਤਿਸ਼ਬਾਜੀ ਕੀਤੀ ਗਈ। ਸੰਗਤ ਨੇ ਪਵਿਤਰ ਸਰੋਵਰ ਦੇ ਕਿਨਾਰੇ ਰੰਗ ਬਿਰੰਗੀਆਂ ਮੋਮਬਤੀਆਂ ਤੇ ਦੇਸੀ ਘਿਓ ਦੇ ਦੀਵੇ ਬਾਲ ਕੇ, ਖਾਲਸੇ ਦੇ ਜਨਮ ਦਿਹਾੜੇ ਦੀ ਖੁਸ਼ੀ ਸਾਂਝੀ ਕੀਤੀ। ਰਹਿਰਾਸ ਸਾਹਿਬ ਦੇ ਪਾਠ ਉਪਰੰਤ ਪ੍ਰਬੰਧਕਾਂ ਨੇ, ਆਕਾਸ਼ ਵਿਚ ਪ੍ਰਦੂਸ਼ਣ ਰਹਿਤ ਅਤਿ ਸੁੰਦਰ ਆਤਿਸ਼ਬਾਜੀ ਕੀਤੀ। ਦਿਲ ਖਿਚਵੀਆਂ ਐਲ. ਈ. ਡੀ. ਲਾਈਟਾਂ ਨਾਲ ਸਜੇ ਸ੍ਰੀ ਦਰਬਾਰ ਸਾਹਿਬ ਦਾ ਅਲੌਕਿਕ ਨਜ਼ਾਰਾ ਤੇ ਮਨਮੋਹਕ ਆਤਿਸ਼ਬਾਜੀ ਦਾ ਆਨੰਦ ਮਾਨਣ ਲਈ. ਦੇਸ਼ ਵਿਦੇਸ਼ਾਂ ਦੀ ਸੰਗਤ ਲੱਖਾਂ ਦੀ ਗਿਣਤੀ 'ਚ ਪੁੱਜੀ। ਸੰਗਤ ਅਨੁਸਾਰ ਉਹ ਆਪਣੇ ਆਪ ਨੂੰ ਬੇਹੱਦ ਖੁਸ਼-ਕਿਸਮਤ

ਮੰਨਦੇ ਨੇ, ਕਿ ਉਨ੍ਹਾਂ ਨੂੰ ਇਹ ਅਦਭੁੱਤ ਨਜ਼ਾਰਾ ਦੇਖਣ ਦਾ ਸੁਭਾਗ ਪ੍ਰਾਪਤ ਹੋਇਆ।

-----------------------------------------------------------------

ਜਲੰਧਰ BJP ਦੇ ਜ਼ਿਲ੍ਹਾ ਜਨਰਲ ਸਕੱਤਰ ਅਸ਼ੋਕ ਸਰੀਨ ਹਿੱਕੀ ਨੇ, ਰੋਪੜ ਵਿਚ ਵਿਸ਼ਵ ਹਿੰਦੂ ਪ੍ਰੀਸ਼ਦ ਦੇ ਆਗੂ ਵਿਕਾਸ ਪ੍ਰਭਾਕਰ ਦੇ ਸ਼ਰੇਆਮ ਕਤਲ 'ਤੇ, ਪੰਜਾਬ ਸਰਕਾਰ ਦੀ ਕਾਰਗੁਜ਼ਾਰੀ ਦੀ ਸਖ਼ਤ ਨਿਖੇਧੀ ਕੀਤੀ ਏ। ਇਕ ਬਿਆਨ ਵਿੱਚ ਉਨ੍ਹਾਂ ਕਿਹਾ ਕਿ ਸ਼ਰੇਆਮ ਇਕ ਦੁਕਾਨ 'ਚ ਦਾਖਲ ਹੋ ਕੇ ਗੋਲੀ ਮਾਰ ਕੇ, ਉਸ ਦਾ ਕਤਲ ਕਰਨਾ ਸਰਕਾਰ ਦੀ ਕਾਰਜਪ੍ਰਣਾਲੀ 'ਤੇ ਵੱਡਾ ਸਵਾਲੀਆ ਨਿਸ਼ਾਨ ਲਗਾਉਂਦਾ ਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਵਿਚ ਹਰ ਵਿਅਕਤੀ ਅਸੁਰੱਖਿਅਤ ਮਹਿਸੂਸ ਕਰ ਰਿਹਾ ਏ। ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੇ ਕਰੀਬ ਦੋ ਸਾਲਾਂ ਦੇ ਸ਼ਾਸਨ ਦੌਰਾਨ, ਸੂਬੇ ਵਿਚ ਅਮਨ-ਕਾਨੂੰਨ ਦੀ ਹਾਲਤ ਵਿਗੜ ਚੁੱਕੀ ਏ।

-----------------------------------------------------------------

ਕਾਂਗਰਸ ਪਾਰਟੀ ਨੇ ਚੰਡੀਗੜ ਲੋਕ ਸਭਾ ਹਲਕੇ ਤੋਂ ਮਨੀਸ਼ ਤਿਵਾੜੀ ਨੂੰ

ਉਮੀਦਵਾਰ ਬਣਾਇਆ ਏ। ਉਹ ਇਸ ਵੇਲੇ ਸ਼੍ਰੀ ਅਨੰਦਪੁਰ ਸਾਹਿਬ ਤੋਂ ਸਾਂਸਦ ਨੇ। ਸਾਬਕਾ ਕੇਂਦਰੀ ਮੰਤਰੀ ਪਵਨ ਕੁਮਾਰ ਬੰਸਲ ਵੀ ਚੰਡੀਗੜ ਤੋਂ ਪਾਰਟੀ ਟਿਕਟ ਲਈ ਦੌੜ ਵਿੱਚ ਸ਼ਾਮਲ ਸਨ।

------------------------------------------------------------

ਬਠਿੰਡਾ ਦੇ ਜ਼ਿਲ੍ਹਾ ਚੋਣ ਅਫਸਰ ਜਸਪ੍ਰੀਤ ਸਿੰਘ ਵਲੋਂ ਜਾਰੀ ਦਿਸ਼ਾ-ਨਿਰਦੇਸ਼ਾ ਅਨੁਸਾਰ ਬਠਿੰਡਾ ਸਾਈਕਲ ਗਰੁੱਪ ਦੇ ਸਹਿਯੋਗ ਨਾਲ, ਲੋਕ ਸਭਾ ਚੋਣਾਂ-2024 ਦੇ ਮੱਦੇਨਜ਼ਰ ਕੱਲ ਇਕ ਵੋਟਰ ਜਾਗਰੂਕਤਾ ਸਾਈਕਲ ਰੈਲੀ ਕੱਢੀ ਗਈ। ਨਵੀਂ ਵੋਟ ਬਣਾਉਣ, ਵੋਟ ਪਾਉਣ, ਵੋਟ ਦੀ ਨੈਤਿਕ ਵਰਤੋਂ ਕਰਨ ਤੇ 70 ਫੀਸਦੀ ਤੋਂ ਵੱਧ ਵੋਟਿੰਗ ਕਰਨ ਦਾ ਸੁਨੇਹਾ ਦਿੰਦੀ ਹੋਈ, ਇਹ ਸਾਈਕਲ ਰੈਲੀ ਸ਼ਹੀਦ ਨੰਦ ਸਿੰਘ ਚੌਂਕ ਤੋਂ ਬੱਸ ਸਟੈਂਡ, ਮਾਡਲ ਟਾਊਨ, ਦਾਦੀ-ਪੋਤੀ ਪਾਰਕ, ਜੀ.ਟੀ ਰੋਡ, ਅਮਰੀਕ ਸਿੰਘ ਰੋਡ ਹੁੰਦੇ ਹੋਏ ਕਿਲਾ ਮੁਬਾਰਕ ਵਿਖੇ ਪਹੁੰਚੀ। ਇਸ ਦੌਰਾਨ ਸਵੀਪ ਗਤੀਵਿਧੀਆਂ ਦੇ ਸਹਾਇਕ ਜ਼ਿਲਾ ਨੋਡਲ ਅਫਸਰ ਸ਼ੁਰੇਸ਼ ਗੌੜ, ਡੀ. ਡੀ. ਐਫ. ਸੁਜੀਤ ਕਿਸ਼ਨ ਤੇ BCG ਦੇ ਪ੍ਰਧਾਨ ਪ੍ਰੀਤ

ਮਹਿੰਦਰ ਬਰਾੜ ਨੇ ਨੌਜਵਾਨ ਵੋਟਰਾਂ ਤੇ ਆਮ ਲੋਕਾਂ ਨਾਲ ਵੋਟ ਦੀ ਸਹੀ ਵਰਤੋਂ ਕਰਨ ਬਾਰੇ ਵਿਸਥਾਰ ਨਾਲ ਜਾਣਕਾਰੀ ਸਾਂਝੀ ਕੀਤੀ।

--------------------------------------------------------------

ਇਸ ਦੌਰਾਨ ਸਵੀਪ ਟੀਮ ਵੱਲੋਂ ਚਲਾਈ ਜਾ ਰਹੀ ਵੋਟਰ ਜਾਗਰੂਕਤਾ ਮੁਹਿੰਮ ਤਹਿਤ, ਵਿਸਾਖੀ ਮੇਲੇ ਤੇ ਤਲਵੰਡੀ ਸਾਬੋ ਵਿਖੇ ਵਿਸ਼ੇਸ਼ ਸਵੀਪ ਸੈਂਟਰ ਸਥਾਪਿਤ ਕੀਤਾ ਗਿਆ। ਇਸ ਰਾਹੀਂ ਲੋਕਾਂ ਨੂੰ ਪਹਿਲੀ ਅਪ੍ਰੈਲ ਨੂੰ 18 ਸਾਲ ਦੀ ਉਮਰ ਪੂਰੀ ਕਰ ਚੁੱਕੇ ਨੌਜਵਾਨਾਂ ਨੂੰ, ਵੋਟਾਂ ਬਣਾਉਣ ਲਈ ਪ੍ਰੇਰਿਤ ਕੀਤਾ ਗਿਆ। ਤਲਵੰਡੀ ਸਾਬੋ ਦੇ ਚੋਣਕਾਰ ਰਜਿਸਟਰੇਸ਼ਨ ਅਫਸਰ ਹਰਜਿੰਦਰ ਸਿੰਘ ਜੱਸਲ ਨੇ, ਦਸਿਆ ਕਿ ਇਸ ਮੰਤਵ ਲਈ ਵੋਟ ਬਣਾਉਣ ਦੇ ਤਰੀਕਿਆਂ ਸਬੰਧੀ ਵਿਸ਼ੇਸ਼ ਪੈਂਫਲਿਟ ਛਪਵਾ ਕੇ ਵੰਡੇ ਗਏ। ਨਾਟਕ ਮੰਡਲੀ ਵਲੋਂ ਵੱਖ-ਵੱਖ ਥਾਵਾਂ ਤੇ ਭੈਅ ਰਹਿਤ ਤੇ ਸਮਝ ਨਾਲ ਵੋਟ ਦੀ ਵਰਤੋਂ ਕਰਨ ਸਬੰਧੀ ਨੁੱਕੜ ਨਾਟਕ ਵੀ ਖੇਡੇ ਗਏ। ਸਵੀਪ ਨੋਡਲ ਅਫਸਰ ਤਲਵੰਡੀ ਸਾਬੋ ਚੰਦਰ ਸ਼ੇਖਰ ਨੇ ਲੋਕਾਂ ਨੂੰ ਆਉਣ ਵਾਲੀਆਂ ਲੋਕ ਸਭਾ ਚੋਣਾਂ ਵਿੱਚ ਵੱਧ ਤੋਂ ਵੱਧ ਵੋਟਿੰਗ ਕਰਨ ਲਈ ਪ੍ਰੇਰਿਤ ਕੀਤਾ।

----------------------------------------------------------

ਫ਼ਰੀਦਕੋਟ ਦੇ ਜ਼ਿਲਾ ਚੋਣ ਅਫ਼ਸਰ ਵਿਨੀਤ ਕੁਮਾਰ ਦੀ ਅਗਵਾਈ ਹੇਠ, ਲੋਕ ਸਭਾ ਚੋਣਾਂ 'ਚ ਵੋਟਰਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਵਾਸਤੇ ਜਾਗਰੂਕ ਕਰਨ ਲਈ ਆਰੰਭੀ ਮੁਹਿੰਮ ਤਹਿਤ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਗੋਲੇਵਾਲਾ ਵਿਖੇ, ਪ੍ਰਿੰਸੀਪਲ ਰਾਜਵਿੰਦਰ ਕੌਰ ਵੱਲੋਂ ਸਕੂਲ ਦੇ ਸਮੂਹ ਵਿਦਿਆਰਥੀਆਂ ਅਤੇ ਸਕੂਲ ਸਟਾਫ਼ ਨੂੰ ਬੀਤੇ ਦਿਨੀਂ, ਸਵੇਰ ਦੀ ਸਭਾ 'ਚ ਵੋਟਰ ਪ੍ਰਣ ਕਰਵਾਇਆ ਗਿਆ। ਲੈਕਚਰਰ ਭੁਪਿੰਦਰ ਕੌਰ ਨੇ ਵਿਦਿਆਰਥੀਆਂ ਨੂੰ ਵੋਟ ਦੀ ਮਹੱਤਤਾ ਦੱਸਦਿਆਂ ਕਿਹਾ ਜਿਨ੍ਹਾਂ ਵਿਦਿਆਰਥੀਆਂ ਦੀ ਵੋਟ ਬਣੀ ਏ ਉਹ, ਖੁਦ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਜਦਕਿ ਦੂਜੇ ਵਿਦਿਆਰਥੀ ਆਪਣੇ ਮਾਤਾ-ਪਿਤਾ ਤੇ ਵੱਡੇ ਭੈਣ-ਭਰਾਵਾਂ ਨੂੰ ਵੋਟ ਦੇ ਹੱਕ ਦੀ ਵਰਤੋਂ ਵਾਸਤੇ ਪ੍ਰੇਰਿਤ ਕਰਨ। ਵਿਦਿਆਰਥੀਆਂ ਦੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ।